SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 139 | Wednesday, 31 July 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## GT20: ਮਿਸੀਸਾਗਾ ਨੇ ਟੋਰਾਂਟੋ ਨੂੰ 2 ਦੌੜਾਂ ਨਾਲ ਹਰਾਇਆ

### ਦੂਜੇ ਮੈਚ ਵਿੱਚ ਦਿਲਪ੍ਰੀਤ ਸਿੰਘ ਬਾਜਵਾ ਨੇ ਸ਼ਾਨਦਾਰ ਸ਼ਤਕ ਲਗਾਇਆ



ਬਰੈਂਪਟਨ, 30 ਜੁਲਾਈ (ਗੁਰਪ੍ਰੀਤ ਪੁਰਬਾ): GT20 ਵਿੱਚ ਮੰਗਲਵਾਰ ਨੂੰ ਖੇਡੇ ਗਏ ਪਹਿਲੇ ਮੁਕਾਬਲੇ ਵਿੱਚ ਮਿਸੀਸਾਗਾ ਦੀ ਟੀਮ ਨੇ ਟੋਰਾਂਟੋ ਦੀ ਟੀਮ ਨੂੰ 2 ਦੌੜਾਂ ਨਾਲ ਹਰਾ ਦਿੱਤਾ। ਆਖਰੀ ਓਵਰ ਵਿੱਚ ਟੋਰਾਂਟੋ ਨੂੰ 18 ਦੌੜਾਂ ਦੀ ਲੋੜ ਸੀ ਪਰ ਅਲੀ ਖਾਨ ਸ਼ਾਨਦਾਰ ਗੇਂਦਬਾਜ਼ੀ ਕੀਤੀ ਅਤੇ ਮਿਸੀਸਾਗਾ ਦੀ ਝੋਲੀ ਵਿੱਚ ਮੈਚ ਪਾ ਦਿੱਤਾ। ...ਬਾਕੀ ਪੰਨਾ 2 'ਤੇ

THE WORLD IS COMING!
25 JUL – 11 AUG
GT20 Season 4
Special Daily Coverage
by Gurpreet Purba
@1350AM Radio Khabarsar

## ਓਟਵਾ-ਲਾਸ ਵੇਗਾਸ ਲਈ ਨਾਨ-ਸਟਾਪ ਉਡਾਨ ਇੱਕ ਨਵੰਬਰ ਤੋਂ



ਓਟਵਾ, 30 ਜੁਲਾਈ (ਪੋਸਟ ਬਿਊਰੋ): ਓਟਵਾ ਦੇ ਯਾਤਰੀ ਇਸ ਪਤਝੜ ਵਿੱਚ ਪੋਰਟਰ ਏਅਰਲਾਈਨਜ਼ 'ਤੇ ਕੈਨੇਡਾ ਦੀ ਰਾਜਧਾਨੀ ਤੋਂ ਦੁਨੀਆਂ ਦੀ ਮਨੋਰੰਜਨ ਰਾਜਧਾਨੀ ਤੱਕ ਸਿੱਧੇ ਉਡਾਨ ਭਰ ਸਕਣਗੇ।

ਪੋਰਟਰ ਨੇ 1 ਨਵੰਬਰ ਤੋਂ ਓਟਵਾ ਅੰਤਰਰਾਸ਼ਟਰੀ ਹਵਾਈ ਅੱਡੇ ਅਤੇ ਲਾਸ ਵੇਗਾਸ ਵਿੱਚ ਲਾਸ ਵੇਗਾਸ ਹੈਰੀ ਰੀਡ ਅੰਤਰਰਾਸ਼ਟਰੀ ਹਵਾਈ ਅੱਡੇ ਵਿਚਕਾਰ ਨਾਨਸਟਾਪ ਸੇਵਾ ਦਾ ਐਲਾਨ ਕੀਤਾ ਹੈ।

ਏਅਰਲਾਈਨ ਓਟਵਾ ਅਤੇ ਲਾਸ ਵੇਗਾਸ ਵਿਚਕਾਰ ਸੋਮਵਾਰ, ਬੁੱਧਵਾਰ, ਸ਼ੁੱਕਰਵਾਰ ਅਤੇ ਐਤਵਾਰ ਨੂੰ ਹਫ਼ਤੇ ਵਿੱਚ ਚਾਰ ਸਿੱਧੀਆਂ ਉਡਾਨਾਂ ਪ੍ਰਦਾਨ ਕਰੇਗੀ।

ਓਟਵਾ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਕਾਰੋਬਾਰੀ ਵਿਕਾਸ ਅਤੇ ਮਾਰਕੀਟਿੰਗ ਦੇ ਉਪ-ਪ੍ਰਧਾਨ ਜੋਏਲ ਟਕਾਚ ਨੇ ਕਿਹਾ ਕਿ ਸਾਨੂੰ ਉਮੀਦ ਹੈ ਕਿ ਓਟਵਾ-ਗੈਟਿਨੋ ਦੇ ਯਾਤਰੀ ਲਾਸ ਵੇਗਾਸ ਵਿੱਚ ਪੂਰੀ ਤਰ੍ਹਾਂ ਨਾਲ ਸ਼ਾਮਿਲ ਹੋਣਗੇ।

ਇਹ ਇੱਕ ਜੈਕਪਾਟ ਹੈ ਕਿ ਪੋਰਟਰ ਇੱਕ ਵਾਰ ਫਿਰ ਓਟਵਾ ਤੋਂ ਆਪਣੇ ਨੈੱਟਵਰਕ ਦਾ ਵਿਸਥਾਰ ਕਰ ਰਿਹਾ ਹੈ। ਜੋ ਹੁਣ ਪੱਛਮੀ ਯੂ. ਐੱਸ. ਤੱਕ ਫੈਲ ਰਿਹਾ ਹੈ। ਉਡਾਨ ਲਈ ਜ਼ਿਆਦਾ ਵਿਕਲਪ ਸਾਡੇ ਸਮੁਦਾਏ ਲਈ ਅਤੇ ਚੰਗੀ ਖ਼ਬਰ ਹੈ।

ਪੋਰਟਰ ਏਅਰਲਾਈਨਜ਼ ਦੀ ਵੈੱਬਸਾਈਟ 'ਤੇ ਓਟਵਾ ਤੋਂ ਲਾਸ ਵੇਗਾਸ ਲਈ ਨਾਨ-ਸਟਾਪ ਉਡਾਨ ਸ਼ਾਮ 6 ਵਜੇ ਰਵਾਨਾ ਹੋਵੇਗੀ ਅਤੇ 8:20 ਵਜੇ ਵੇਗਾਸ ਪੁੱਜੇਗੀ। ਲਾਸ ਵੇਗਾਸ ਤੋਂ ਓਟਵਾ ਦੀ ਉਡਾਨ ਸਵੇਰੇ 9:35 ਵਜੇ ਰਵਾਨਾ ਹੋਵੇਗੀ ਅਤੇ ਸ਼ਾਮ 5 ਵਜੇ ਓਟਵਾ ਪੁੱਜੇਗੀ।

## ਗਰੇਟਰ ਟੋਰਾਂਟੋ 'ਚ ਅੱਤਵਾਦੀ ਗਤੀਵਿਧੀਆਂ ਦੇ ਮਾਮਲੇ ਵਿਚ ਪਿਤਾ ਅਤੇ ਪੁੱਤਰ ਗ੍ਰਿਫ਼ਤਾਰ

ਟੋਰਾਂਟੋ, 30 ਜੁਲਾਈ (ਪੋਸਟ ਬਿਊਰੋ): RCMP ਦਾ ਕਹਿਣਾ ਹੈ ਕਿ ਗਰੇਟਰ ਟੋਰਾਂਟੋ ਏਰੀਏ ਵਿੱਚ ਅੱਤਵਾਦੀ ਗਤੀਵਿਧੀਆਂ ਦੇ ਸਿਲਸਿਲੇ ਵਿੱਚ ਇੱਕ ਪਿਤਾ ਅਤੇ ਪੁੱਤਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਮੰਗਲਵਾਰ ਨੂੰ ਜਾਰੀ ਪ੍ਰੈੱਸ ਨੋਟ ਅਨੁਸਾਰ ਰਾਇਲ ਕੈਨੇਡੀਅਨ ਮਾਊਂਟੇਡ ਪੁਲਿਸ ਬੁੱਧਵਾਰ ਨੂੰ ਇਨ੍ਹਾਂ ਗ੍ਰਿਫ਼ਤਾਰੀਆਂ ਬਾਰੇ ਜਾਣਕਾਰੀ ਸਾਂਝੀ



ਕਰੇਗੀ। RCMP ਦੇ ਸਹਾਇਕ ਕਮਿਸ਼ਨਰ ਮੈਟ ਪੇਗਸ ਗੱਲ ਕਰਨ ਲਈ ਮੌਜੂਦ ਰਹਿਣਗੇ। ਹਾਲੇ ਗ੍ਰਿਫ਼ਤਾਰੀਆਂ ਬਾਰੇ ਕੋਈ ਹੋਰ ਜਾਣਕਾਰੀ ਨਹੀਂ ਦਿੱਤੀ ਗਈ ਹੈ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598



## ਅੱਜ ਨਾਮਾ

ਦਿਨ ਬਰਸਾਤ ਦੇ, ਚਿੰਤਾ ਦੀ ਘੜੀ ਆਈ,
ਰਾਤ-ਦਿਨ ਪਊਗਾ ਰਹਿਣਾ ਸੁਚੇਤ ਭਾਈ।
ਭੁੱਲੀ ਮਾਰ ਨਹੀਂ ਪਿਛਲਿਆਂ ਹੜ੍ਹਾਂ ਵਾਲੀ,
ਐਤਕੀਂ ਕਰਨੀ ਨਹੀਂ ਭੁੱਲ ਪਛੇਤ ਭਾਈ।
ਰੁੜ੍ਹ ਗਏ ਕਈਆਂ ਦੇ ਓਦੋਂ ਜੇ ਘਰ ਕੁੱਲੇ,
ਰਹਿ ਗਏ ਨਹੀਂ ਸੀਹਰੇ ਭਰੇ ਖੇਤ ਭਾਈ।
ਝੂਮਦੀ ਫਸਲ ਨਾ ਰਹੀ ਫਿਰ ਕਿਸੇ ਪਾਸੇ,
ਭਰੀ ਪਈ ਖੇਤਾਂ ਦੇ ਵਿੱਚ ਸੀ ਰੇਤ ਭਾਈ।
ਬੱਦਲ ਕੁੱਲੂ ਦੇ ਵੱਲ ਪਏ ਫਟਣ ਜਿਹੜੇ,
ਪਾਣੀ ਉਹ ਆਊ ਪੰਜਾਬ ਦੇ ਵੱਲ ਭਾਈ।
ਜਿੰਨਾ ਵੀ ਹੁੰਦਾ ਜੁਗਾੜ ਕੁਝ ਕਰੋ ਛੇਤੀ,
ਅੱਜ ਦਾ ਵਕਤ ਨਾ ਆਵਣਾ ਕੱਲ੍ਹ ਭਾਈ।

**ਤੀਸ ਮਾਰ ਖਾਂ**

# ਕਿੰਗ ਸਿਟੀ ਵਿੱਚ ਹਾਦਸੇ ਦੌਰਾਨ ਵਰਕਰ ਦੀ ਮੌਤ

ਟੋਰਾਂਟੋ, 30 ਜੁਲਾਈ (ਪੋਸਟ ਬਿਊਰੋ): ਪੁਲਿਸ ਨੇ ਦੱਸਿਆ ਕਿ ਕਿੰਗ ਸਿਟੀ ਵਿੱਚ ਮੰਗਲਵਾਰ ਨੂੰ ਇੱਕ ਨਿਰਮਾਣ ਕਾਰਜ ਵਾਲੀ ਥਾਂ ’ਤੇ ਹੋਈ ਘਟਨਾ ਤੋਂ ਬਾਅਦ ਇੱਕ ਨਿਰਮਾਣ ਵਰਕਰ ਦੀ ਮੌਤ ਹੋ ਗਈ।

ਯਾਰਕ ਖੇਤਰੀ ਪੁਲਿਸ ਨੇ ਦੱਸਿਆ ਕਿ ਇਹ ਘਟਨਾ ਉਸ ਸਮੇਂ ਹੋਈ ਜਦੋਂ ਨਿਰਮਾਣ ਦਲ ਜੇਨ ਅਤੇ ਕੀਲ ਸਟਰੀਟ ਵਿੱਚਕਾਰ ਕਿੰਗ ਰੋਡ ’ਤੇ ਖੁਦਾਈ ਕਰ ਰਿਹਾ ਸੀ।

ਪੁਲਿਸ ਨੇ ਦੱਸਿਆ ਕਿ ਜਦੋਂ ਦਲ ਕੰਮ ਕਰ ਰਿਹਾ ਸੀ, ਉਦੋਂ ਇਲਾਕੇ ਵਿਚ ਤੂਫਾਨ ਆਇਆ ਅਤੇ ਮੀਂਹ ਕਾਰਨ ਇੱਕ ਵਰਕਰ ਖੱਡ ਵਿੱਚ ਫਸ ਗਿਆ।



ਪੁਲਿਸ ਨੇ ਦੱਸਿਆ ਕਿ ਘਟਨਾ ਸਥਾਨ ’ਤੇ ਹੀ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ ਗਿਆ। ਮੌਤ ਦਾ ਕਾਰਨ ਸਪੱਸ਼ਟ ਨਹੀਂ ਹੈ।

ਓਂਟਾਰੀਓ ਦੇ ਲੇਬਰ ਮੰਤਰਾਲਾ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਉਹ ਘਟਨਾ ਦੀ ਜਾਂਚ ਕਰ ਰਿਹਾ ਹੈ। ਪੁਲਿਸ ਨੇ ਵਰਕਰ ਦੀ ਪਹਿਚਾਣ ਨਹੀਂ ਕੀਤੀ ਹੈ।

# ਪੈਰਿਸ ਓਲੰਪਿਕ: ਭਾਰਤੀ ਹਾਕੀ ਟੀਮ ਨੇ ਆਇਰਲੈਂਡ ਨੂੰ 2-0 ਨਾਲ ਹਰਾਇਆ

ਪੈਰਿਸ, 30 ਜੁਲਾਈ (ਪੋਸਟ ਬਿਊਰੋ): ਭਾਰਤੀ ਪੁਰਸ਼ ਹਾਕੀ ਟੀਮ ਨੇ ਆਇਰਲੈਂਡ ਨੂੰ 2-0 ਨਾਲ ਹਰਾ ਕੇ ਆਪਣੀ ਜਿੱਤ ਦੀ ਮੁਹਿੰਮ ਜਾਰੀ ਰੱਖੀ ਹੈ। ਇਸ ਦੇ ਨਾਲ ਹੀ ਭਜਨ ਕੌਰ ਮਹਿਲਾ ਤੀਰਅੰਦਾਜ਼ੀ ਦੇ ਵਿਅਕਤੀਗਤ ਵਰਗ ਦੇ ਕੁਆਰਟਰ ਫਾਈਨਲ ਵਿੱਚ ਪਹੁੰਚ ਗਈ ਹੈ, ਜਦਕਿ ਅੰਕਿਤਾ ਭਕਤ ਰਾਊਂਡ ਆਫ 32 ਦੇ ਮੈਚ ਵਿੱਚ ਹਾਰ ਗਈ ਹੈ। ਬੈਡਮਿੰਟਨ ਪੁਰਸ਼ ਡਬਲਜ਼ ਵਿੱਚ ਸਾਤਵਿਕ-ਚਿਰਾਗ ਦੀ ਭਾਰਤੀ ਜੋੜੀ ਨੇ ਗਰੁੱਪ-ਸੀ ਵਿੱਚ ਆਪਣੀ ਦੂਜੀ ਜਿੱਤ ਦਰਜ ਕੀਤੀ ਹੈ।




# GT20: ਮਿਸੀਸਾਗਾ ਨੇ ਟੋਰਾਂਟੋ ਨੂੰ 2 ਦੌੜਾਂ ਨਾਲ ਹਰਾਇਆ



*ਦਿਲਪ੍ਰੀਤ ਦੇ ਸੈਂਕੜੇ ਤੋ ਬਾਅਦ ਡੇਵਿਡ ਵਾਰਨਰ ਵਧਾਈ ਦਿੰਦੇ ਹੋਏ।*

ਪੰਨਾ 1 ਦਾ ਬਾਕੀ

ਡੇਵਿਡ ਵੀਜ਼ੇ ਸ਼ਾਨਦਾਰ ਬੱਲੇਬਾਜ਼ੀ ਅਤੇ ਗੇਂਦਬਾਜੀ ਕਰਕੇ ਪਲੇਅਰ ਆਫ ਦਾ ਮੈਚ ਬਣੇ। ਦੂਜੇ ਮੈਚ ਵਿੱਚ ਮਾਂਟਰੀਅਲ ਦੀ ਟੀਮ ਬਰੈਂਪਟਨ ਤੋਂ 42 ਦੌੜਾਂ ਦੇ ਨਾਲ ਜੇਤੂ ਰਹੀ। ਦਿਲਪ੍ਰੀਤ ਸਿੰਘ ਬਾਜਵਾ ਨੇ ਸ਼ਾਨਦਾਰ ਸ਼ਤਕ ਲਗਾਇਆ। ਇਹ ਇਸ ਸੀਜ਼ਨ ਦਾ ਪਹਿਲਾ ਸੈਂਕੜਾ ਹੈ ਅਤੇ ਉਹ ਸ਼ਤਕ ਲਗਾਉਣ ਵਾਲੇ ਪਹਿਲੇ ਕੈਨੇਡੀਅਨ ਖਿਡਾਰੀ ਵੀ ਬਣੇ। ਦਿਲਪ੍ਰੀਤ ਆਪਣੀ ਸ਼ਾਨਦਾਰ ਬੱਲੇਬਾਜ਼ੀ ਕਰਕੇ ਪਲੇਅਰ ਆਫ ਦਾ ਮੈਚ ਵੀ ਬਣੇ। ਅੱਜ ਬੁੱਧਵਾਰ ਨੂੰ ਸਰੀ ਦਾ ਮੁਕਾਬਲਾ ਮਿਸੀਸਾਗਾ ਨਾਲ ਅਤੇ ਬਰੈਂਪਟਨ ਦਾ ਮੁਕਾਬਲਾ ਵੈਨਕੂਵਰ ਨਾਲ ਹੋਵੇਗਾ।

## ਲਾਲਜੀਤ ਸਿੰਘ ਭੁੱਲਰ ਨੇ 10 ਸਟੈਨੋ-ਟਾਈਪਿਸਟਾਂ ਨੂੰ ਸੌਂਪੇ ਨਿਯੁਕਤੀ ਪੱਤਰ



ਚੰਡੀਗੜ੍ਹ, 30 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਵਿਭਾਗ ਵਿੱਚ ਨਵੇਂ ਭਰਤੀ ਹੋਏ 10 ਸਟੈਨੋ-ਟਾਈਪਿਸਟਾਂ ਨੂੰ ਨਿਯੁਕਤੀ ਪੱਤਰ ਸੌਂਪੇ।

ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿਖੇ ਨਵੇਂ ਭਰਤੀ ਹੋਏ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਲੋੜਵੰਦ ਵਿਅਕਤੀਆਂ ਤੱਕ ਪੁੱਜਦਾ ਕਰਨਾ ਯਕੀਨੀ ਬਣਾਉਣ ਵਾਸਤੇ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨ ਪ੍ਰੇਰਿਆ। ਲਾਲਜੀਤ ਸਿੰਘ ਭੁੱਲਰ ਨੇ ਭਰੋਸਾ ਪ੍ਰਗਟਾਇਆ ਕਿ ਨਵ-ਨਿਯੁਕਤ ਸਟਾਫ਼ ਵਿਭਾਗ ਵੱਲੋਂ ਕੀਤੀਆਂ ਪਹਿਲਕਦਮੀਆਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਅਤੇ ਇਨ੍ਹਾਂ ਪ੍ਰਤੀ ਜਾਗਰੂਕਤਾ ਫੈਲਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

# ਬ੍ਰਿਟੇਨ ’ਚ ਬੱਚਿਆਂ ’ਤੇ ਚਾਕੂ ਨਾਲ ਹਮਲਾ, 2 ਦੀ ਮੌਤ, ਕਈ ਜ਼ਖਮੀ, ਹਮਲਾਵਰ ਗ੍ਰਿਫ਼ਤਾਰ

ਲੰਡਨ, 30 ਜੁਲਾਈ (ਪੋਸਟ ਬਿਊਰੋ): ਬ੍ਰਿਟੇਨ 'ਚ ਲਿਵਰਪੂਲ ਨੇੜੇ ਸਾਊਥਪੋਰਟ 'ਚ ਸੋਮਵਾਰ ਸ਼ਾਮ ਨੂੰ ਇਕ ਨਾਬਾਲਿਗ ਨੇ ਕਈ ਲੋਕਾਂ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਜਾਣਕਾਰੀ ਮੁਤਾਬਕ ਇਸ ਵਿੱਚ 2 ਬੱਚਿਆਂ ਦੀ ਮੌਤ ਹੋ ਗਈ ਹੈ। ਇਸ ਤੋਂ ਇਲਾਵਾ 1 ਦਰਜਨ ਦੇ ਕਰੀਬ ਲੋਕ ਜ਼ਖਮੀ ਹੋਏ ਹਨ। ਜ਼ਖਮੀਆਂ ਨੂੰ ਚਿਲਡਰਨ ਹਸਪਤਾਲ ਲਿਜਾਇਆ ਗਿਆ। ਜ਼ਖਮੀਆਂ 'ਚ ਜ਼ਿਆਦਾਤਰ ਬੱਚੇ ਸ਼ਾਮਿਲ ਹਨ।

ਇਹ ਹਮਲਾ ਬੱਚਿਆਂ ਦੀ ਡਾਂਸ ਵਰਕਸ਼ਾਪ ਵਿੱਚ ਹੋਇਆ। ਪੁਲਿਸ ਨੇ ਦੱਸਿਆ ਕਿ 17 ਸਾਲਾ ਹਮਲਾਵਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਹਮਲੇ ਵਿੱਚ ਵਰਤਿਆ ਗਿਆ ਚਾਕੂ ਵੀ ਜ਼ਬਤ ਕਰ ਲਿਆ ਗਿਆ ਹੈ।

ਉੱਤਰੀ ਪੱਛਮੀ ਐਂਬੂਲੈਂਸ ਸੇਵਾ ਨੇ ਕਿਹਾ ਕਿ ਉਨ੍ਹਾਂ ਨੇ ਚਾਕੂ ਦੇ ਜ਼ਖ਼ਮਾਂ ਵਾਲੇ ਅੱਠ ਮਰੀਜ਼ਾਂ ਦਾ ਇਲਾਜ ਕੀਤਾ ਅਤੇ ਕੁਝ ਨੂੰ ਐਲਡਰ ਹੇ ਚਿਲਡਰਨ ਹਸਪਤਾਲ ਲਿਜਾਇਆ ਗਿਆ। ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟੋਰਮਰ ਨੇ ਇਸ ਘਟਨਾ ਨੂੰ 'ਭਿਆਨਕ' ਕਰਾਰ ਦਿੱਤਾ ਹੈ।



ਸੋਸ਼ਲ ਮੀਡੀਆ 'ਤੇ ਪੋਸਟ ਕਰਦੇ ਹੋਏ ਪ੍ਰਧਾਨ ਮੰਤਰੀ ਸਟਾਰਮਰ ਨੇ ਲਿਖਿਆ ਕਿ ਸਾਊਥਪੋਰਟ ਤੋਂ ਭਿਆਨਕ ਅਤੇ ਬਹੁਤ ਹੀ ਹੈਰਾਨ ਕਰਨ ਵਾਲੀ ਖਬਰ ਆਈ ਹੈ। ਪ੍ਰਧਾਨ ਮੰਤਰੀ ਸਟਾਰਮਰ ਨੇ ਵੀ ਹਮਲੇ ਵਿੱਚ ਜ਼ਖਮੀ ਹੋਏ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਹੈ। ਉਨ੍ਹਾਂ ਪੁਲਿਸ ਅਤੇ ਐਮਰਜੈਂਸੀ ਸੇਵਾਵਾਂ ਦਾ ਵੀ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਤੋਂ ਇਲਾਵਾ ਬ੍ਰਿਟੇਨ ਦੇ ਗ੍ਰਹਿ ਮੰਤਰੀ ਕੂਪਰ ਅਤੇ ਲਿਵਰਪੂਲ ਦੇ ਮੇਅਰ ਸਟੀਵ ਰੋਥਰਮ ਨੇ ਵੀ ਹਮਲੇ ਦੀ ਨਿੰਦਾ ਕੀਤੀ ਹੈ।

# ਮਨੂ-ਸਰਬਜੋਤ ਨੇ ਪਿਸਟਲ ਮਿਕਸਡ ਵਿੱਚ ਜਿੱਤਿਆ ਕਾਂਸੀ ਦਾ ਤਮਗਾ

## ਇੱਕ ਓਲੰਪਿਕ ਵਿੱਚ 2 ਤਗਮੇ ਲਿਆਉਣ ਵਾਲੀ ਮਨੂ ਪਹਿਲੀ ਭਾਰਤੀ ਮਹਿਲਾ



ਨਵੀਂ ਦਿੱਲੀ, 30 ਜੁਲਾਈ (ਪੋਸਟ ਬਿਊਰੋ): ਭਾਰਤ ਨੂੰ ਮੰਗਲਵਾਰ ਨੂੰ ਪੈਰਿਸ ਓਲੰਪਿਕ 'ਚ ਦੂਜਾ ਤਮਗਾ ਮਿਲਿਆ। ਨਿਸ਼ਾਨੇਬਾਜ਼ ਮਨੂ ਭਾਕਰ ਅਤੇ ਸਰਬਜੋਤ ਨੇ 10 ਮੀਟਰ ਪਿਸਟਲ ਮਿਕਸਡ ਮੁਕਾਬਲੇ ਵਿੱਚ ਕਾਂਸੀ ਦਾ ਤਗ਼ਮਾ ਜਿੱਤਿਆ ਹੈ। ਇਸ ਜੋੜੀ ਨੇ ਕੋਰੀਆਈ ਟੀਮ ਨੂੰ 16-10 ਨਾਲ ਹਰਾਇਆ।

ਮਨੂ ਭਾਕਰ ਨੇ ਦੋ ਦਿਨ ਪਹਿਲਾਂ (28 ਜੁਲਾਈ) 10 ਮੀਟਰ ਮਹਿਲਾ ਪਿਸਟਲ ਮੁਕਾਬਲੇ ਵਿੱਚ ਵੀ ਕਾਂਸੀ ਦਾ ਤਗ਼ਮਾ ਜਿੱਤਿਆ ਸੀ। ਇਸ ਨਾਲ ਉਹ ਇੱਕ ਓਲੰਪਿਕ ਵਿੱਚ ਦੋ ਤਗਮੇ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਬਣ ਗਏ ਹਨ।

# ਪਾਕਿਸਤਾਨ ’ਚ ਸ਼ੀਆ-ਸੁੰਨੀ ਵਿਚਾਲੇ ਜ਼ਮੀਨੀ ਵਿਵਾਦ ਦੌਰਾਨ 6 ਦਿਨਾਂ ’ਚ 49 ਮੌਤਾਂ

ਇਸਲਾਮਾਬਾਦ, 30 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਦੇ ਖੈਬਰ ਪਖਤੂਨਖਵਾ ਦੇ ਕੁਰੱਮ ਜ਼ਿਲੇ 'ਚ ਸ਼ੀਆ ਅਤੇ ਸੁੰਨੀ ਭਾਈਚਾਰਿਆਂ ਵਿਚਾਲੇ ਜ਼ਮੀਨੀ ਵਿਵਾਦ 'ਚ 49 ਲੋਕਾਂ ਦੀ ਮੌਤ ਹੋ ਗਈ ਹੈ। ਇਸ ਤੋਂ ਇਲਾਵਾ 200 ਤੋਂ ਵੱਧ ਲੋਕ ਜ਼ਖਮੀ ਹੋਏ ਹਨ।

ਇਸ ਝਗੜੇ ਦੀ ਜੜ੍ਹ 30 ਏਕੜ ਜ਼ਮੀਨ ਹੈ। ਕੁਰੱਮ ਜ਼ਿਲ੍ਹੇ ਦੇ ਪਿੰਡ ਬੁਸ਼ਹਿਰਾ ਵਿੱਚ ਦੋ ਕਬੀਲਿਆਂ ਵਿੱਚ ਮਾਲਕੀ ਹੱਕ ਨੂੰ ਲੈ ਕੇ ਝਗੜਾ ਚੱਲ ਰਿਹਾ ਹੈ।



ਜਾਣਕਾਰੀ ਮੁਤਾਬਕ ਇਹ ਲੜਾਈ ਪਿਛਲੇ ਹਫਤੇ ਬੁੱਧਵਾਰ ਨੂੰ ਦੋ ਪਰਿਵਾਰਾਂ ਵਿਚਾਲੇ ਸ਼ੁਰੂ ਹੋਈ ਸੀ, ਜੋ ਜਲਦੀ ਹੀ ਦੋ ਕਬੀਲਿਆਂ ਵਿਚਾਲੇ ਫੈਲ ਗਈ। ਹੁਣ ਇਸ ਨੂੰ ਲੈ ਕੇ ਪੂਰੇ ਜ਼ਿਲ੍ਹੇ ਵਿੱਚ ਤਣਾਅ ਬਣਿਆ ਹੋਇਆ ਹੈ। ਜਾਣਕਾਰੀ ਮੁਤਾਬਕ ਸੁੰਨੀ ਭਾਈਚਾਰੇ ਨੂੰ ਸਰਹੱਦ ਪਾਰੋਂ ਅਫ਼ਗਾਨ ਕਬੀਲਿਆਂ ਦਾ ਸਮਰਥਨ ਮਿਲ ਰਿਹਾ ਹੈ, ਜਿਸ ਕਾਰਨ ਉਹ ਹਾਵੀ ਹੋ ਰਹੇ ਹਨ।

ਕੁਰੱਮ ਦੇ ਡਿਪਟੀ ਕਮਿਸ਼ਨਰ ਜਾਵੇਦੁੱਲ੍ਹਾ ਮੇਸੂਦ ਨੇ ਦੱਸਿਆ ਕਿ ਦੋ ਭਾਈਚਾਰਿਆਂ ਵਿਚਾਲੇ ਇਹ ਲੜਾਈ 6 ਦਿਨਾਂ ਤੋਂ ਚੱਲ ਰਹੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨਾਲ ਮਿਲ ਕੇ ਕਬਾਇਲੀ ਭਾਈਚਾਰੇ ਦੇ ਬਜ਼ੁਰਗਾਂ ਜਿਰਗਾ ਅਤੇ ਹੋਰਾਂ ਦੀ ਮਦਦ ਨਾਲ ਦੋਵਾਂ ਭਾਈਚਾਰਿਆਂ ਵਿਚਕਾਰ ਸਮਝੌਤਾ ਕਰਵਾ ਲਿਆ ਹੈ ਪਰ ਜ਼ਿਲ੍ਹੇ ਦੇ ਹੋਰ ਹਿੱਸਿਆਂ ਵਿਚ ਹਾਲੇ ਵੀ ਗੋਲੀਬਾਰੀ ਦੀਆਂ ਖ਼ਬਰਾਂ ਹਨ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**












# ਪੰਜਾਬ ਦੇ ਐੱਨ.ਆਰ.ਆਈ. ਪਰਿਵਾਰ ਨਾਲ ਹਰਿਆਣਾ ਵਿੱਚ ਵਾਪਰੀ ਹਮਲੇ ਦੀ ਘਟਨਾ ਸਬੰਧੀ ਜ਼ੀਰੋ ਐੱਫ.ਆਈ.ਆਰ. ਦਰਜ

**ਪੰਜਾਬ ਸਰਕਾਰ ਸੂਬੇ ਦੇ ਪਰਵਾਸੀ ਪੰਜਾਬੀਆਂ ਦੇ ਹਿੱਤ ਸੁਰੱਖਿਅਤ ਰੱਖਣ ’ਚ ਕੋਈ ਕਮੀ ਨਹੀਂ ਛੱਡੇਗੀ: ਕੁਲਦੀਪ ਸਿੰਘ ਧਾਲੀਵਾਲ**

***ਐੱਨ.ਆਰ.ਆਈ. ਪਰਿਵਾਰ ਨੂੰ ਬਚਾਉਣ ਵਾਲੇ ਡਰਾਈਵਰ ਨੂੰ ਮਿਲੇਗਾ 1 ਲੱਖ ਦਾ ਇਨਾਮ ਅਤੇ ਬਹਾਦਰੀ ਪੁਰਸਕਾਰ**

ਚੰਡੀਗੜ੍ਹ, 30 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਯਤਨਾਂ ਨਾਲ ਪਿੰਡ ਚਿਮਨੇਵਾਲਾ, ਜ਼ਿਲ੍ਹਾ ਫਾਜ਼ਿਲਕਾ (ਪੰਜਾਬ) ਦੇ ਐਨ.ਆਰ.ਆਈ. ਪਰਿਵਾਰ ਸੁਖਵਿੰਦਰ ਕੌਰ ਅਤੇ ਬੂਟਾ ਸਿੰਘ ਨਾਲ ਬੀਤੇ ਦਿਨੀਂ ਹਰਿਆਣਾ ਸੂਬੇ ਦੇ ਰੋਹਤਕ ਵਿਖੇ ਵਾਪਰੀ ਹਮਲੇ ਦੀ ਘਟਨਾ ਸਬੰਧੀ ਬੀ.ਐਨ.ਐਸ.-2023 ਐਕਟ ਤਹਿਤ ਜ਼ੀਰੋ ਐਫ.ਆਈ.ਆਰ. ਨੰ: 001, ਮਿਤੀ: 29 ਜੁਲਾਈ, 2024 ਦਰਜ ਕਰ ਲਈ ਗਈ ਹੈ।

ਇਹ ਜਾਣਕਾਰੀ ਦਿੰਦਿਆਂ ਧਾਲੀਵਾਲ ਨੇ ਦੱਸਿਆ ਕਿ ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੀਤੇ ਦਿਨ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਚਿਮਨੇਵਾਲਾ ਵਿਖੇ ਪਹੁੰਚ ਕੇ ਐਨ.ਆਰ.ਆਈ. ਪਰਿਵਾਰ ਨਾਲ ਮੁਲਾਕਾਤ ਕੀਤੀ ਸੀ ਅਤੇ ਇਸ ਘਟਨਾ ਸਬੰਧੀ ਜ਼ੀਰੋ ਐਫ.ਆਈ.ਆਰ. ਦਰਜ ਕਰਨ ਲਈ ਪੁਲਿਸ ਸਟੇਸ਼ਨ ਐਨ.ਆਰ.ਆਈ. ਨਾਲ ਰਾਬਤਾ ਕੀਤਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾਂ ਸੂਬੇ ਦੇ ਪਰਵਾਸੀ ਪੰਜਾਬੀਆਂ ਦੇ ਨਾਲ ਖੜ੍ਹੀ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੇ ਹਿੱਤ ਸੁਰੱਖਿਅਤ ਰੱਖਣ ‘ਚ ਕੋਈ ਕਮੀ ਨਹੀਂ ਛੱਡੇਗੀ।




ਧਾਲੀਵਾਲ ਨੇ ਇਸ ਮਾਮਲੇ ਸਬੰਧੀ ਹਰਿਆਣਾ ਦੇ ਮੁੱਖ ਮੰਤਰੀ ਅਤੇ ਡੀ.ਜੀ.ਪੀ. ਨੂੰ ਜ਼ੀਰੋ ਐਫ.ਆਰ.ਆਈ. ਕਰਨ ਕਰਨ ਲਈ ਚਿੱਠੀ ਲਿਖੀ ਸੀ ਅਤੇ ਉਕਤ ਘਟਨਾ ਵਿੱਚ ਸ਼ਾਮਲ ਦੋਸ਼ੀਆਂ ਦੀ ਪਹਿਚਾਣ ਕਰਨ ਤੇ ਉਨ੍ਹਾਂ ਨੂੰ ਸਜ਼ਾ ਦੇਣ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ, ‘‘ਮੈਂ ਹਰਿਆਣਾ ਦੇ ਮੁੱਖ ਮੰਤਰੀ ਤੋਂ ਮਿਲਣ ਦਾ ਸਮਾਂ ਵੀ ਮੰਗਿਆ ਹੈ ਤਾਂ ਜੋ ਦਿੱਲੀ ਅਤੇ ਪੰਜਾਬ ਵਿਚਕਾਰ ਸਫਰ ਕਰਨ ਵਾਲੇ ਪੰਜਾਬੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।’’

ਜ਼ਿਕਰਯੋਗ ਹੈ ਕਿ ਇਸ ਮਾਮਲੇ ਵਿੱਚ ਸੁਖਵਿੰਦਰ ਕੌਰ ਜੋ ਕਿ ਵਿਦੇਸ਼ ਤੋਂ ਪਰਤੇ ਸਨ, ਦੇ ਪਤੀ ਬੂਟਾ ਸਿੰਘ ਉਨ੍ਹਾਂ ਨੂੰ ਲੈਣ ਲਈ ਦਿੱਲੀ ਗਏ ਸਨ। ਇਸ ਦੌਰਾਨ ਰਸਤੇ ਵਿੱਚ ਉਨ੍ਹਾਂ ‘ਤੇ ਹਮਲਾ ਹੋਇਆ ਸੀ। ਇਸ ਵਾਰਦਾਤ ਦੌਰਾਨ ਡਰਾਈਵਰ ਦੀ ਫੁਰਤੀ ਨੇ ਸਬੰਧਤਾਂ ਨੂੰ ਵੱਡੇ ਜਾਨੀ ਨੁਕਸਾਨ ਤੋਂ ਬਚਾਇਆ ਲਿਆ ਸੀ।

ਵਰਣਨਯੋਗ ਹੈ ਕਿ ਇਸ ਘਟਨਾ ਦੌਰਾਨ ਐਨ.ਆਰ.ਆਈ. ਪਰਿਵਾਰ ਨੂੰ ਬਚਾਉਣ ਵਾਲੇ ਡਰਾਈਵਰ ਨੂੰ ਪੰਜਾਬ ਦੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ 1 ਲੱਖ ਰੁਪਏ ਦਾ ਇਨਾਮ ਦੇਣ ਅਤੇ ਪੰਜਾਬ ਸਰਕਾਰ ਵੱਲੋਂ ਬਹਾਦਰੀ ਪੁਰਸਕਾਰ ਦੇਣ ਦਾ ਐਲਾਨ ਵੀ ਕੀਤਾ ਹੈ।












ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com









## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013





**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**


## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐੱਸਸੀ, ਐਮਐੱਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




# ਕੈਂਮਬ੍ਰਿਜ ਪੰਜਾਬੀ ਖੇਡ ਮੇਲਾ 3 ਅਤੇ 4 ਅਗਸਤ ਨੂੰ, ਤਿਆਰੀਆਂ ਜ਼ੋਰਾਂ ’ਤੇ

## ਮਰਦਾਂ ਅਤੇ ਔਰਤਾਂ ਲਈ ਰੱਸਾ ਕਸੀ, ਬਜ਼ੁਰਗਾਂ ਦੇ ਰੱਸੇ ਦੇ ਮੁਕਾਬਲੇ ਅਤੇ ਔਰਤਾਂ ਲਈ ਗਾਗਰ ਰੇਸ ਦੇ ਮੁਕਾਬਲੇ ਕਰਵਾਏ ਜਾਣਗੇ




ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕੈਂਮਬ੍ਰਿੱਜ ਵਲੋਂ ਕੈਂਮਬ੍ਰਿਜ ਅਤੇ ਆਲ਼ੇ ਦੁਆਲ਼ੇ ਦੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾਂਦਾ ਪੰਜਾਬੀ ਖੇਡ ਮੇਲਾ ਇਸ ਸਾਲ 14ਵਾਂ ਖੇਡ ਮੇਲਾ ਅਗਸਤ 3 ਅਤੇ 4 ਦਿਨ ਸ਼ਨਿੱਚਰਵਾਰ ਤੇ ਐਤਵਾਰ ਨੂੰ St. Beneidct Cathoilc Secondary School, 50 Saignaw Pkwy, Cambirdge ON ਦੀ ਗਰਾਉਂਡ ਵਿੱਚ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਹੇਠ ਲਿਖੀਆਂ ਖੇਡਾਂ ਕਰਵਾਈਆਂ ਜਾਣਗੀਆਂ। ਸਾਰੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਦੋਨੇ ਦਿਨ ਸਮੇਂ ਸਿਰ ਆਪਣੇ ਬੱਚਿਆਂ ਸਮੇਤ ਪਹੁੰਚਣਾ।

ਅੰਡਰ 10 ਤੋਂ ਅੰਡਰ 18 ਲੜਕੇ ਅਤੇ ਲੜਕੀਆਂ ਸੌਕਰ ਦੇ ਮੁਕਾਬਲੇ ਹੋਣਗੇ, ਇਸੇ ਤਰ੍ਹਾਂ ਅੰਡਰ 10 ਤੋਂ ਅੰਡਰ 18 ਦੇ ਲੜਕੇ ਅਤੇ ਲੜਕੀਆਂ ਦੀਆਂ ਦੌੜਾਂ ਹੋਣਗੀਆਂ, ਅੰਡਰ 10 ਤੋਂ ਅੰਡਰ 18 ਦੇ ਲੜਕੇ ਅਤੇ ਲੜਕੀਆਂ ਦੇ ਲੌਂਗ ਜੰਪ ਦੇ ਮੁਕਾਬਲੇ ਹੋਣਗੇ, ਬਾਸਕਟ ਬਾਲ, ਰੱਸੇ ਦੇ ਮੁਕਾਬਲੇ, ਅੰਡਰ 10 ਤੋਂ ਅੰਡਰ 19 ਦੇ ਲੜਕਿਆਂ ਦੀ ਕਬੱਡੀ, ਅੰਡਰ 19 ਲੜਕਿਆਂ ਦੇ ਬੈਂਚ ਪ੍ਰੈਸ ਦੇ ਮੁਕਾਬਲੇ, ਮਰਦਾਂ ਅਤੇ ਔਰਤਾਂ ਲਈ ਰੱਸਾ ਕਸੀ ਦੇ ਮੁਕਾਬਲੇ, ਬਜ਼ੁਰਗਾਂ ਦੇ ਰੱਸੇ ਦੇ ਮੁਕਾਬਲੇ ਹੋਣਗੇ, ਔਰਤਾਂ ਲਈ ਗਾਗਰ ਰੇਸ, ਮਿਊਜ਼ੀਕਲ ਚੇਅਰ ਰੇਸ ਆਦਿ ਹੋਰ ਬਹੁਤ ਸਾਰੀਆਂ ਖੇਡਾਂ ਹੋਣਗੀਆਂ।

ਦੋਨੇ ਦਿਨ ਜਿੱਥੇ ਕੈਂਮਬ੍ਰਿਜ ਗੁਰਦੁਆਰਾ ਸਾਹਿਬ ਵਲੋਂ ਲੰਗਰ ਦਾ ਪ੍ਰਬੰਧ ਹੋਵੇਗਾ, ਉਸ ਦੇ ਨਾਲ ਵੱਖ ਵੱਖ ਵਿਪ-ਾਰਿਕ ਅਦਾਰਿਆਂ ਵਲੋਂ ਵੀ ਖਾਣ/ਪੀਣ ਦੇ ਸਟਾਲ ਲਗਾਏ ਜਾਣਗੇ। ਵਾਟਰਲੂ ਰਿਜਨ ਅਤੇ ਇਸ ਦੇ ਆਲੇ ਦੁਆਲੇ ਦੇ ਸ਼ਹਿਰਾਂ ਦੇ ਨਿਵਾਸੀ ਵੱਡੀ ਗਿਣਤੀ ਵਿੱਚ ਇਸ ਮੇਲੇ ਦਾ ਅਨੰਦ ਮਾਨਣ ਲਈ ਪਹੁੰਚ ਰਹੇ ਹਨ। ਤੁਸੀਂ ਵੀ ਇਸ ਮੇਲੇ ਵਿੱਚ ਪਹੁੰਚਣ ਲਈ 3 ਅਤੇ 4 ਅਗਸਤ ਦਾ ਦਿਨ ਵਿਹਲਾ ਰੱਖੋ।




## ਚੇਤਨ ਸਿੰਘ ਜੌੜਾਮਾਜਰਾ ਵੱਲੋਂ ਫ਼ਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਕਿਸਾਨਾਂ ਨੂੰ ਫਲਦਾਰ ਬੂਟੇ ਲਾਉਣ ਦੀ ਅਪੀਲ

'ਸਰਕਾਰੀ ਨਰਸਰੀਆਂ ਤੋਂ ਫਲਦਾਰ ਬੂਟੇ ਵਾਜਬ ਕੀਮਤਾਂ 'ਤੇ ਲੈਣ ਲਈ ਕਿਸਾਨ ਮੋਬਾਈਲ ਨੰਬਰ 7508018803 'ਤੇ ਸੰਪਰਕ ਕਰਨ'

ਚੰਡੀਗੜ੍ਹ, 30 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਕਿਸਾਨਾਂ ਨੂੰ ਫਲਦਾਰ ਬੂਟੇ ਲਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਬਾਗ਼ਬਾਨੀ ਵਿਭਾਗ ਵੱਲੋਂ ਇਹ ਬੂਟੇ ਕਿਫ਼ਾਇਤੀ ਦਰਾਂ 'ਤੇ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਸੂਬੇ ਭਰ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਸਬੰਧੀ ਵਿਆਪਕ ਰਣਨੀਤੀ ਦਾ ਹਿੱਸਾ ਹੈ।

ਉਨ੍ਹਾਂ ਕਿਹਾ ਕਿ ਮੌਨਸੂਨ ਸੀਜ਼ਨ ਫਲਦਾਰ ਰੁੱਖ ਲਾਉਣ ਲਈ ਢੁਕਵਾਂ ਅਤੇ ਅਨੁਕੂਲ ਹੈ ਅਤੇ ਸਰਕਾਰ ਦੀ ਇਹ ਪਹਿਲਕਦਮੀ ਕਣਕ-ਝੋਨੇ ਦੇ ਰਵਾਇਤੀ ਫ਼ਸਲੀ ਚੱਕਰ, ਜਿਸ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਕਾਫ਼ੀ ਹੇਠਾਂ ਚਲਾ ਗਿਆ ਹੈ, ਲਈ ਟਿਕਾਊ ਬਦਲ ਪੇਸ਼ ਕਰੇਗੀ।

ਬਾਗ਼ਬਾਨੀ ਮੰਤਰੀ ਨੇ ਉਚੇਚੇ ਤੌਰ 'ਤੇ ਅੰਬ, ਅਮਰੂਦ, ਲੀਚੀ, ਚੀਕੂ, ਨਿੰਬੂ ਪ੍ਰਜਾਤੀ ਦੇ ਫਲਾਂ ਦੀਆਂ ਵੱਖ-ਵੱਖ ਕਿਸਮਾਂ, ਜਾਮੁਨ, ਬਿਲ ਅਤੇ ਕਟਹਲ ਸਮੇਤ ਵੱਖ-ਵੱਖ ਫਲਾਂ ਵਾਲੇ ਰੁੱਖਾਂ ਦੀ ਕਾਸ਼ਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਹ ਬੂਟੇ ਬਾਗ਼ਬਾਨੀ ਵਿਭਾਗ ਅਧੀਨ ਚੱਲ ਰਹੀਆਂ ਸਰਕਾਰੀ ਨਰਸਰੀਆਂ ਵਿੱਚ ਵਾਜਬ ਕੀਮਤਾਂ 'ਤੇ ਉਪਲਬਧ ਹਨ।



ਇਸੇ ਦੌਰਾਨ ਡਾਇਰੈਕਟਰ ਬਾਗ਼ਬਾਨੀ ਸ਼ੈਲਿੰਦਰ ਕੌਰ, ਆਈ.ਐਫ.ਐਸ. ਨੇ ਕਿਹਾ ਕਿ ਨਰਸਰੀਆਂ ਤੋਂ ਬੂਟੇ ਲੈਣ ਸਬੰਧੀ ਹੋਰ ਜਾਣਕਾਰੀ ਲਈ ਕਿਸਾਨ, ਬਾਗ਼ਬਾਨੀ ਵਿਭਾਗ ਦੇ ਨੋਡਲ ਅਫ਼ਸਰ ਨਾਲ ਮੋਬਾਈਲ ਨੰਬਰ 7508018803 'ਤੇ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਫਲਦਾਰ ਬੂਟੇ ਲਗਾਉਣ ਨਾਲ ਜਿਥੇ ਵਾਤਾਵਰਣ ਅਤੇ ਪਾਣੀ ਦੀ ਸੰਭਾਲ ਹੋਵੇਗੀ, ਉਥੇ ਫ਼ਸਲੀ ਵਿਭਿੰਨਤਾ ਨੂੰ ਹੁਲਾਰਾ ਮਿਲਣ ਸਣੇ ਕਿਸਾਨਾਂ ਦੀ ਆਮਦਨ ਵਿੱਚ ਚੋਖਾ ਵਾਧਾ ਹੋਵੇਗਾ।

ਸ਼ੈਲਿੰਦਰ ਕੌਰ ਨੇ ਵਧੇਰੇ ਟਿਕਾਊ ਅਤੇ ਆਰਥਿਕ ਤੌਰ 'ਤੇ ਲਾਹੇਵੰਦ ਖੇਤੀ ਤਕਨੀਕਾਂ ਅਪਣਾਉਣ ਲਈ ਪੰਜਾਬ ਦੇ ਕਿਸਾਨਾਂ ਨੂੰ ਪੂਰਣ ਸਹਿਯੋਗ ਦੇਣ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਇਹ ਪਹਿਲਕਦਮੀ ਸੂਬੇ ਦੇ ਖੇਤੀ ਖੇਤਰ ਦੀਆਂ ਆਰਥਿਕ ਸੰਭਾਵਨਾਵਾਂ ਨੂੰ ਵਧਾਉਂਦੇ ਹੋਏ ਵਾਤਾਵਰਣ ਸਬੰਧੀ ਸਮੱਸਿਆਵਾਂ ਦੇ ਹੱਲ ਲਈ ਕੀਤੇ ਜਾ ਰਹੇ ਵਿਆਪਕ ਯਤਨਾਂ ਦਾ ਹਿੱਸਾ ਹੈ।

## ਵਿਦੇਸ਼ੀ ਕਰੰਸੀ ਦੀ ਤਸਕਰੀ ਦੇ ਮਾਮਲੇ ’ਚ ਪਾਕਿਸਤਾਨੀ ਏਅਰ ਹੋਸਟਸ 1 ਕਰੋੜ ਤੋਂ ਵੱਧ ਦੀ ਰਕਮ ਨਾਲ ਕਾਬੂ

ਇਸਲਾਮਾਬਾਦ, 30 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਇੰਟਰਨੈਸ਼ਨਲ ਏਅਰਲਾਈਨਜ਼ (ਪੀਆਈਏ) ਦੀ ਇਕ ਏਅਰ ਹੋਸਟਸ ਸ਼ੁੱਕਰਵਾਰ ਨੂੰ ਲਾਹੌਰ ਦੇ ਅੱਲਾਮਾ ਇਕਬਾਲ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਵਿਦੇਸ਼ੀ ਕਰੰਸੀ ਦੀ ਤਸਕਰੀ ਕਰਦੀ ਫੜ੍ਹੀ ਗਈ। ਏਅਰ ਹੋਸਟਸ ਨੇ ਆਪਣੀਆਂ ਜੁਰਾਬਾਂ ਵਿੱਚ ਬਹੁਤ ਸਾਰੇ ਅਮਰੀਕੀ ਡਾਲਰ ਅਤੇ ਸਾਊਦੀ ਰਿਆਲ ਛੁਪਾਏ ਹੋਏ ਸਨ।

ਇਸ ਨਾਲ ਜੁੜੀ ਇਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ 'ਚ ਜਾਂਚ ਏਜੰਸੀ ਦਾ ਕਰਮਚਾਰੀ ਏਅਰ ਹੋਸਟਸ ਦੀਆਂ ਜੁਰਾਬਾਂ 'ਚੋਂ ਇਹ ਕਰੰਸੀ ਕੱਢ ਰਿਹਾ ਹੈ। ਇਸ ਦੀ ਕੀਮਤ ਲੱਖਾਂ ਪਾਕਿਸਤਾਨੀ ਰੁਪਏ ਦੱਸੀ ਜਾ ਰਹੀ ਹੈ। ਜਾਣਕਾਰੀ ਮੁਤਾਬਕ ਏਅਰ ਹੋਸਟਸ ਨੂੰ ਸ਼ਨੀਵਾਰ ਨੂੰ ਨਿਆਇਕ ਹਿਰਾਸਤ 'ਚ ਭੇਜ ਦਿੱਤਾ ਗਿਆ ਹੈ।



ਰਿਪੋਰਟ ਮੁਤਾਬਕ ਡਿਪਟੀ ਕਲੈਕਟਰ ਕਸਟਮ ਰਾਜਾ ਬਿਲਾਲ ਨੇ ਦੱਸਿਆ ਕਿ ਏਅਰ ਹੋਸਟੈਸ ਤੋਂ 1,40,000 ਸਾਊਦੀ ਰਿਆਲ ਬਰਾਮਦ ਕੀਤੇ ਗਏ ਹਨ। ਪਾਕਿਸਤਾਨੀ ਰੁਪਏ 'ਚ ਇਸ ਦੀ ਕੀਮਤ ਕਰੀਬ 1 ਕਰੋੜ 4 ਲੱਖ ਰੁਪਏ ਹੈ।

ਡਿਪਟੀ ਕਲੈਕਟਰ ਨੇ ਦੱਸਿਆ ਕਿ ਸ਼ੱਕ ਦੇ ਆਧਾਰ 'ਤੇ ਏਅਰ ਹੋਸਟਸ ਨੂੰ ਜਹਾਜ਼ ਤੋਂ ਉਤਾਰਿਆ ਗਿਆ। ਇਸ ਤੋਂ ਬਾਅਦ ਉਸ ਦੀ ਤਲਾਸ਼ੀ ਲਈ ਗਈ। ਏਅਰ ਹੋਸਟਸ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਟੀਮ ਨੂੰ ਸੌਂਪ ਦਿੱਤਾ ਗਿਆ ਹੈ।



LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁਡ ਅਤੇ ਸੀਰਾਮਿਕ ਫਲੋਰ, ਸ਼ਾਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜ਼ਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE



2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੇਬਨਿਟ, ਨਵਾਂ ਪੈਂਟ, ਨਵੇਂ ਲੈਂਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Laundary ਮੇਨ ਫਲੋਰ ਤੇ।
ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA